GENERAL SHIVDEV SINGH DIWAN GURBACHAN SINGH

# KHALSA COLLEGE PATIALA

## AN AUTONOMOS COLLEGE

SAHIT SABHA

PUNJABI DEPATMENT

Students Attendance in Co-curricular Activities

Session – 2017-18

Name of Activity - Face-to-face program on the topic "The International face of Punjabi culture" By Sukhjinder Singh Batth

Coordinator - Prof. Paramjit Kaur

Convener - - Dr.Davinder Singh

Date - 09. Jan. 2018

No. of the Students Participated – 28



# ਖ਼ਾਲਸਾ ਕਾਲਜ ਪਟਿਆਲਾ ਵਿਖੇ 'ਪੰਜਾਬੀ ਸੱਭਿਆਚਾਰ ਦਾ ਅੰਤਰਰਾਸ਼ਟਰੀ ਮੁਹਾਂਦਰਾ' ਵਿਸ਼ੇ 'ਤੇ ਰੂ-ਬ-ਰੂ ਸਮਾਗਮ

ਪਟਿਆਲਾ, 9 ਜਨਵਰੀ (ਸੁਧੀਰ ਪਾਹੂਜਾ) ਅੱਜ ਖ਼ਾਲਸਾ ਕਾਲਜ ਪਟਿਆਲਾ ਦੇ ਪੋਸਟ ਗ੍ਰੇਜੂਏਟ ਪੰਜਾਬੀ ਵਿਭਾਗ ਵੱਲੋਂ 'ਪੰਜਾਬੀ ਸੱਭਿਆਚਾਰ ਦਾ ਅੰਤਰਰਾਸ਼ਟਰੀ ਮੁਹਾਂਦਰਾ' ਵਿਸ਼ੇ 'ਤੇ ਰੂ-ਬ-ਰੂ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ. ਸੁਖਜਿੰਦਰ ਸਿੰਘ ਬਾਠ (ਸੁੱਖੀ ਬਾਠ) ਸੰਸਥਾਪਕ, ਪੰਜਾਬ ਭਵਨ, ਕੈਨੇਡਾ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ।

ਸ. ਸੁੱਖੀ ਬਾਠ ਨੇ ਸੰਬੋਧਿਤ ਹੁੰਦਿਆਂ ਕਿਹਾ ਕਿ ਪੰਜਾਬੀ ਸੱਭਿਆਚਾਰ ਇੱਕ ਸੰਯੁਕਤ ਸੱਭਿਆਚਾਰ ਹੈ। ਪੰਜਾਬੀ ਸੱਭਿਆਚਾਰ ਦੀ ਇਸ ਖ਼ੂਬੀ ਕਾਰਨ ਹੀ ਪੰਜਾਬੀ ਦੁਨੀਆਂ ਦੇ ਵੱਖ-ਵੱਖ ਮੁਲਕਾਂ ਵਿੱਚ ਪਹੁੰਚੇ ਹਨ ਅਤੇ ਵੱਖ-ਵੱਖ ਖੇਤਰਾਂ ਵਿੱਚ ਪੰਜਾਬੀਆਂ ਨੇ ਵਡਮੁੱਲੇ ਕਾਰਜ ਕੀਤੇ ਹਨ। ਪੰਜਾਬੀਆਂ ਵੱਲੋਂ ਕੀਤੇ ਕਾਰਜ ਵਿਸ਼ਵ ਪੱਧਰੀ ਪਹਿਚਾਣ ਰੱਖਦੇ ਹਨ। ਉਨ੍ਹਾਂ ਕਿਹਾ ਕਿ ਕੈਨੇਡਾ ਵਿੱਚ ਅਜੋਕੇ ਸਮੇਂ ਅੰਦਰ ਪੰਜਾਬੀਆਂ ਦਾ ਵਿਸ਼ੇਸ਼ ਮਾਣ ਸਤਿਕਾਰ ਹੈ ਜਿਸ ਦੇ ਪਿੱਛੇ ਪੰਜਾਬੀ ਲੋਕਾਂ ਵੱਲੋਂ ਘਾਲੀ ਗਈ ਸਖ਼ਤ ਘਾਲਣਾ ਹੈ। ਸ. ਸੁੱਖੀ ਬਾਠ ਨੇ ਪੰਜਾਬ ਭਵਨ ਦੀ ਸਥਾਪਨਾ ਦੇ ਮੁੱਖ ਮਕਸਦ ਬਾਰੇ ਚਰਚਾ ਕਰਦਿਆਂ ਕਿਹਾ ਕਿ ਸਾਡਾ ਮੁੱਖ ਮਕਸਦ ਪੰਜਾਬੀਅਤ ਦੀ ਭਾਵਨਾ ਦੇ ਵਿਕਾਸ ਦੇ ਨਾਲ ਨਾਲ ਅਜਿਹਾ ਮੰਚ ਸਥਾਪਤ ਕਰਨਾ ਹੈ ਜਿਥੇ ਵਿਸ਼ਵ ਭਰ ਦੇ ਪੰਜਾਬੀ ਰਲ ਮਿਲ ਕੇ ਪੰਜਾਬੀ ਮਾਂ ਬੋਲੀ ਦੀ ਪ੍ਰਫੁਲਤਾ ਵਿਚ ਆਪਣਾ ਯੋਗਦਾਨ ਪਾ ਸਕਣ।

ਉਨ੍ਹਾਂ ਨੇ ਇਹ ਵੀ ਕਿਹਾ ਕਿ ਪਿਆਰ ਹੀ ਜ਼ਿੰਦਗੀ ਦਾ ਆਧਾਰ ਹੈ। ਜਿਹੜਾ ਕੰਮ ਵਿਅਕਤੀ ਆਪਣੀ ਵੱਡੀ ਤੋਂ ਵੱਡੀ ਜਿੱਤ ਨਾਲ ਹਾਸਲ ਨਹੀਂ ਕਰ ਸਕਦਾ ਉਹ ਪਿਆਰ ਦੇ ਵਿਚ ਹਾਰ ਕੇ ਹਾਸਲ ਕੀਤਾ ਜਾ ਸਕਦਾ ਹੈ। ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਮੁੱਖ ਮਹਿਮਾਨ ਅਤੇ ਸਮੂਹ ਸਰੋਤਿਆਂ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਸਰਦਾਰ ਸੁੱਖੀ ਬਾਠ ਨੇ ਸਮਾਜ ਸੇਵਾ ਅਤੇ ਵਪਾਰਕ ਖੇਤਰ ਵਿੱਚ ਉੱਚਾ ਮੁਕਾਮ ਹਾਸਲ ਕਰਕੇ ਪੰਜਾਬ ਅਤੇ ਪੰਜਾਬੀਅਤ ਦਾ ਨਾਂਅ ਅੰਤਰਰਾਸ਼ਟਰੀ ਪੱਧਰ 'ਤੇ ਰੋਸ਼ਨ ਕੀਤਾ ਹੈ। ਉਹਨਾਂ ਕਿਹਾ ਕਿ ਸਰਦਾਰ ਸੁੱਖੀ ਬਾਠ ਇੱਕ ਅਜਿਹੀ ਸ਼ਖ਼ਸੀਅਤ ਦੇ ਮਾਲਕ ਹਨ ਜਿਨ੍ਹਾਂ ਨੇ ਪਰਵਾਸੀ ਨੌਜਵਾਨਾਂ ਦੀਆਂ ਮੁਸਕਿਲਾਂ ਨੂੰ ਨਜਿੱਠਿਆ ਅਤੇ ਸਮੇਂ-ਸਮੇਂ ਤੇ ਲੋੜਵੰਦਾਂ ਦਾ ਸਹਾਰਾ ਬਣੇ। ਡਾ. ਉੱਭਾ ਨੇ ਕਿਹਾ ਕਿ ਪੰਜਾਬੀ ਸਾਹਿਤ ਦੇ ਖੇਤਰ ਵਿੱਚ ਵੀ ਉਨ੍ਹਾਂ ਦਾ ਯੋਗਦਾਨ ਕਾਬਿਲ-ਏ-ਤਾਰੀਫ਼ ਹੈ।



ਖ਼ਾਲਸਾ ਕਾਲਜ ਪਟਿਆਲਾ ਵਿਖੇ 'ਪੰਜਾਬੀ ਸੱਭਿਆਚਾਰ ਦਾ ਅੰਤਰਰਾਸ਼ਟਰੀ ਮੁਹਾਂਦਰਾ' ਵਿਸ਼ੇ 'ਤੇ ਰੂ-ਬ-ਰੂ ਸਮਾਗਮ ਦੌਰਾਨ ਸ੍ਰ. ਸੁੱਖੀ ਬਾਠ ਨੂੰ ਸਨਮਾਨਿਤ ਕਰਦੇ ਹੋਏ ਕਾਲਜ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਅਤੇ ਉਨ੍ਹਾਂ ਦੇ ਸਹਿਯੋਗੀ।